**ਰਾਮਕਲੀ ਮਹਲਾ ੫ ॥ ਸਿੰਚਹਿ ਦਰਬੁ ਦੇਹਿ ਦੁਖੁ ਲੋਗ ॥ ਤੇਰੈ ਕਾਜਿ ਨ ਅਵਰਾ ਜੋਗ ॥ ਕਰਿ ਅਹੰਕਾਰੁ ਹੋਇ ਵਰਤਹਿ ਅੰਧ ॥ ਜਮ ਕੀ ਜੇਵੜੀਤੂ ਆਗੈ ਬੰਧ ॥੧॥ ਛਾਡਿ ਵਿਡਾਣੀ ਤਾਤਿ ਮੂੜੇ ॥ ਈਹਾ ਬਸਨਾ ਰਾਤਿ ਮੂੜੇ ॥ ਮਾਇਆ ਕੇ ਮਾਤੇ ਤੈ ਉਠਿ ਚਲਨਾ ॥ ਰਾਚਿ ਰਹਿਓ ਤੂ ਸੰਗਿ ਸੁਪਨਾ ॥੧॥ ਰਹਾਉ ॥ ਬਾਲ ਬਿਵਸਥਾ ਬਾਰਿਕੁ ਅੰਧ ॥ ਭਰਿ ਜੋਬਨਿ ਲਾਗਾ ਦੁਰਗੰਧ ॥ ਤ੍ਰਿਤੀਅ ਬਿਵਸਥਾ ਸਿੰਚੇ ਮਾਇ ॥ ਬਿਰਧਿ ਭਇਆ ਛੋਡਿ ਚਲਿਓ ਪਛੁਤਾਇ ॥੨॥ ਚਿਰੰਕਾਲ ਪਾਈ ਦ੍ਰੁਲਭ ਦੇਹ ॥ ਨਾਮ ਬਿਹੂਣੀ ਹੋਈ ਖੇਹ ॥ ਪਸੂ ਪਰੇਤ ਮੁਗਧ ਤੇ ਬੁਰੀ ॥ ਤਿਸਹਿ ਨ ਬੂਝੈ ਜਿਨਿ ਏਹ ਸਿਰੀ ॥ ੩॥ ਸੁਣਿ ਕਰਤਾਰ ਗੋਵਿੰਦ ਗੋਪਾਲ ॥ ਦੀਨ ਦਇਆਲ ਸਦਾ ਕਿਰਪਾਲ ॥ ਤੁਮਹਿ ਛਡਾਵਹੁ ਛੁਟਕਹਿ ਬੰਧ ॥ ਬਖਸਿ ਮਿਲਾਵਹੁ ਨਾਨਕ ਜਗ ਅੰਧ ॥੪॥੧੨॥੨੩॥** {ਪੰਨਾ 889-890}

ਪਦਅਰਥ:- ਸਿੰਚਹਿ—ਤੂੰ ਇਕੱਠਾ ਕਰਦਾ ਹੈਂ, ਤੂੰ ਜੋੜਦਾ ਜਾਂਦਾ ਹੈਂ। ਦਰਬੁ {dàÒX} ਧਨ। ਦੇਹਿ—ਤੂੰ ਦੇਂਦਾ ਹੈਂ। ਲੋਗ—ਲੋਕਾਂ ਨੂੰ। ਤੇਰੈ ਕਾਜਿ—ਤੇਰੇ ਕੰਮ ਵਿਚ। ਅਵਰਾ ਜੋਗ—ਹੋਰਨਾਂ ਜੋਗਾ। ਕਰਿ—ਕਰ ਕੇ। ਹੋਇ ਅੰਧ—ਅੰਨ੍ਹਾ ਹੋ ਕੇ। ਵਰਤਹਿ—ਤੂੰ ਵਰਤਦਾ ਹੈਂ, ਤੂੰ ਵਰਤਾਰਾ ਕਰਦਾ ਹੈਂ। ਜੇਵੜੀ—ਰੱਸੀ, ਫਾਹੀ। ਤੂ—ਤੈਨੂੰ। ਆਗੈ—ਪਰਲੋਕ ਵਿਚ। ਬੰਧ—ਬੱਝਾ ਹੋਇਆ।1।

ਤਾਤਿ—ਈਰਖਾ, ਸਾੜਾ। ਮੂੜੇ—ਹੇ ਮੂਰਖ! ਈਹਾ—ਇਸ ਲੋਕ ਵਿਚ। ਮਾਤੇ—ਮਸਤੇ ਹੋਏ। ਉਠਿ—ਉੱਠ ਕੇ। ਸੰਗਿ—ਨਾਲ। ਰਾਚਿ ਰਹਿਓ ਤੂ—ਤੂੰ ਮਸਤ ਹੋ ਰਿਹਾ ਹੈਂ। ਵਿਡਾਣੀ—ਬਿਗਾਨੀ।1। ਰਹਾਉ।

ਬਿਵਸਥਾ—ਉਮਰ (ਵਿਚ)। ਅੰਧ—ਅੰਞਾਣ, ਬੇ-ਸਮਝ। ਭਰਿ ਜੋਬਨਿ—ਭਰੇ ਜੋਬਨ ਵਿਚ, ਭਰੀ ਜਵਾਨੀ ਵਿਚ। ਦੁਰਗੰਧ—ਗੰਦੇ ਕੰਮਾਂ ਵਿਚ, ਵਿਕਾਰਾਂ ਵਿਚ। ਤ੍ਰਿਤੀਆ ਬਿਵਸਥਾ—ਤੀਜੀ ਉਮਰੇ, ਜਵਾਨੀ ਲੰਘ ਜਾਣ ਤੇ। ਸਿੰਚੇ—ਇਕੱਠੀ ਕਰਦਾ ਹੈ। ਮਾਇ—ਮਾਇਆ। ਪਛੁਤਾਇ—ਪਛਤਾ ਕੇ।2।

ਚਿਰੰਕਾਲ—ਚਿਰਾਂ ਪਿੱਛੋਂ। ਦ੍ਰੁਲਭ—ਮੁਸ਼ਕਿਲ ਨਾਲ ਮਿਲਣ ਵਾਲੀ। ਦੇਹ—ਸਰੀਰ। ਬਿਹੂਣੀ—ਬਿਨਾ, ਖ਼ਾਲੀ, ਸੱਖਣੀ। ਖੇਹ—ਸੁਆਹ। ਤੇ—ਤੋਂ। ਬੁਰੀ—ਭੈੜੀ। ਮੁਗਧ—{muÀD} ਮੂਰਖ। ਤਿਸਹਿ—ਉਸ (ਪ੍ਰਭੂ) ਨੂੰ। ਜਿਨਿ—ਜਿਸ ਪ੍ਰਭੂ ਨੇ। ਸਿਰੀ—ਪੈਦਾ ਕੀਤੀ।3।

ਕਰਤਾਰ—ਹੇ ਕਰਤਾਰ! ਦਇਆਲ—ਹੇ ਦਇਆ ਦੇ ਘਰ! ਤੁਮਹਿ—ਤੂੰ (ਆਪ) ਹੀ। ਛੁਟਕਹਿ—ਛੁੱਟਦੇ ਹਨ, ਟੁੱਟਦੇ ਹਨ। ਬੰਧ—ਬੰਧਨ। ਬਖਸਿ—ਮਿਹਰ ਕਰ ਕੇ।4।

ਅਰਥ:- (ਹੇ ਮੂਰਖ!) ਤੂੰ ਧਨ ਇਕੱਠਾ ਕਰੀ ਜਾਂਦਾ ਹੈਂ, (ਅਤੇ ਧਨ ਜੋੜਨ ਦੇ ਉੱਦਮ ਵਿਚ) ਲੋਕਾਂ ਨੂੰ ਦੁੱਖ ਦੇਂਦਾ ਹੈਂ। (ਮੌਤ ਆਉਣ ਤੇ ਇਹ ਧਨ) ਤੇਰੇ ਕੰਮ ਨਹੀਂ ਆਵੇਗਾ, ਹੋਰਨਾਂ (ਦੇ ਵਰਤਣ) ਜੋਗਾ ਰਹਿ ਜਾਇਗਾ। (ਹੇ ਮੂਰਖ! ਇਸ ਧਨ ਦਾ) ਮਾਣ ਕਰ ਕੇ (ਇਸ ਧਨ ਦੇ ਨਸ਼ੇ ਵਿਚ) ਅੰਨ੍ਹਾ ਹੋ ਕੇ ਤੂੰ (ਲੋਕਾਂ ਨਾਲ) ਵਰਤਾਰਾ ਕਰਦਾ ਹੈਂ। (ਜਦੋਂ) ਮੌਤ ਦੀ ਫਾਹੀ (ਤੇਰੇ ਗਲ ਵਿਚ ਪਈ, ਉਸ ਫਾਹੀ ਵਿਚ) ਬੱਝੇ ਹੋਏ ਨੂੰ ਤੈਨੂੰ ਪਰਲੋਕ ਵਿਚ (ਲੈ ਜਾਣਗੇ, ਤੇ ਧਨ ਇਥੇ ਹੀ ਰਹਿ ਜਾਇਗਾ)।1।

ਹੇ ਮੂਰਖ! ਦੂਜਿਆਂ ਨਾਲ ਈਰਖਾ ਕਰਨੀ ਛੱਡ ਦੇ। ਹੇ ਮੂਰਖ! ਇਸ ਦੁਨੀਆ ਵਿਚ (ਪੰਛੀਆਂ ਵਾਂਗ) ਰਾਤ-ਮਾਤ੍ਰ ਹੀ ਵੱਸਣਾ ਹੈ। ਮਾਇਆ ਵਿਚ ਮਸਤ ਹੋਏ ਹੇ ਮੂਰਖ! (ਇਥੋਂ ਆਖ਼ਰ) ਉੱਠ ਕੇ ਤੂੰ ਚਲੇ ਜਾਣਾ ਹੈ, (ਪਰ) ਤੂੰ (ਇਸ ਜਗਤ-) ਸੁਪਨੇ ਨਾਲ ਰੁੱਝਾ ਪਿਆ ਹੈਂ।1। ਰਹਾਉ।

ਬਾਲ ਉਮਰੇ ਜੀਵ ਬੇ-ਸਮਝ ਬਾਲਕ ਬਣਿਆ ਰਹਿੰਦਾ ਹੈ, ਭਰ-ਜਵਾਨੀ ਵੇਲੇ ਵਿਕਾਰਾਂ ਵਿਚ ਲੱਗਾ ਰਹਿੰਦਾ ਹੈ, (ਜਵਾਨੀ ਲੰਘ ਜਾਣ ਤੇ) ਤੀਜੀ ਉਮਰੇ ਮਾਇਆ ਜੋੜਨ ਲੱਗ ਪੈਂਦਾ ਹੈ, (ਆਖ਼ਰ ਜਦੋਂ) ਬੁੱਢਾ ਹੋ ਜਾਂਦਾ ਹੈ ਤਾਂ

ਅਫ਼ਸੋਸ ਕਰਦਾ (ਜੋੜੀ ਹੋਈ ਮਾਇਆ) ਛੱਡ ਕੇ (ਇਥੋਂ) ਤੁਰ ਪੈਂਦਾ ਹੈ।2।

(ਹੇ ਭਾਈ!) ਬੜੇ ਚਿਰਾਂ ਪਿੱਛੋਂ ਜੀਵ ਨੂੰ ਇਹ ਦੁਰਲੱਭ ਮਨੁੱਖਾ ਸਰੀਰ ਮਿਲਦਾ ਹੈ, ਪਰ ਨਾਮ ਤੋਂ ਵਾਂਜੇ ਰਹਿ ਕੇ ਇਹ ਸਰੀਰ ਮਿੱਟੀ ਹੋ ਜਾਂਦਾ ਹੈ। (ਨਾਮ ਤੋਂ ਬਿਨਾ, ਵਿਕਾਰਾਂ ਦੇ ਕਾਰਨ) ਮੂਰਖ ਜੀਵ ਦੀ ਇਹ ਦੇਹੀ ਪਸ਼ੂਆਂ ਤੇ ਪਰੇਤਾਂ ਨਾਲੋਂ ਭੀ ਭੈੜੀ (ਸਮਝੋ)। ਜਿਸ ਪਰਮਾਤਮਾ ਨੇ (ਇਸ ਦੀ) ਇਹ ਮਨੁੱਖਾ ਦੇਹੀ ਬਣਾਈ ਉਸ ਨੂੰ ਕਦੇ ਚੇਤੇ ਨਹੀਂ ਕਰਦਾ।3।

ਹੇ ਨਾਨਕ! (ਆਖ—ਜੀਵ ਵਿਚਾਰੇ ਕੀਹ ਕਰਨ? ਹੇ ਕਰਤਾਰ! ਹੇ ਗੋਬਿੰਦ! ਹੇ ਗੋਪਾਲ! ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਹੇ ਸਦਾ ਹੀ ਕਿਰਪਾ ਦੇ ਸੋਮੇ! ਤੂੰ ਆਪ ਹੀ ਜੀਵਾਂ ਦੇ ਮਾਇਆ ਦੇ ਬੰਧਨ ਤੋੜੇਂ ਤਾਂ ਹੀ ਟੁੱਟ ਸਕਦੇ ਹਨ। ਹੇ ਕਰਤਾਰ! (ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਇਸ ਜਗਤ ਨੂੰ ਤੂੰ ਆਪ ਹੀ ਮਿਹਰ ਕਰ ਕੇ (ਆਪਣੇ ਚਰਨਾਂ ਵਿਚ) ਜੋੜੀ ਰੱਖ।4।12। 23।